ਖਟਕੜ ਕਲਾਂ 'ਚ 51.70 ਕਰੋੜ ਦੀ ਲਾਗਤ ਨਾਲ ਮੁਕੰਮਲ ਹੋਵੇਗਾ ਯਾਦਗਾਰੀ ਵਿਰਾਸਤੀ ਕੰਪਲੈਕਸ

ਮਾਰਚ ਤੱਕ ਪਹਿਲੇ ਪੜਾਅ ਦੇ ਮੁਕੰਮਲ ਹੋਣ ਦੀ ਸੰਭਾਵਨਾ, ਕੰਮ ਜੰਗੀ ਪੱਧਰ 'ਤੇ ਜਾਰੀ

ਨਵਾਂਸ਼ਹਿਰ, 19 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੀ ਯਾਦ 'ਚ ਖਟਕੜਕਲਾਂ ਵਿਖੇ ਬਣਾਏ ਜਾ ਰਹੇ ਸ਼ਹੀਦ ਭਗਤ ਸਿੰਘ ਹੈਰੀਟੇਜ ਕੰਪਲੈਕਸ ਦਾ ਕੰਮ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ, ਜਿਸ ਦਾ 28 ਸਤੰਬਰ ਨੂੰ ਨੀਂਹ ਪੱਥਰ ਰੱਖਿਆ ਗਿਆ ਅਤੇ ਉਸ ਦਾ ਕੰਮ 16 ਜੂਨ ਨੂੰ ਇਨੋਵੈਂਟੀਵਿਊ ਟੈਕਨੌਲੋਜੀ ਪ੍ਰਾਈਵੇਟ ਲਿਮਟਿਡ ਕੰਪਨੀ ਵਲੋਂ ਸ਼ੁਰੂ ਕੀਤਾ ਗਿਆ। ਦੱਸਿਆ ਜਾ ਰਿਹਾ ਹੈ ਕਿ 16 ਮਾਰਚ ਤੱਕ ਇਸ ਪ੍ਰਾਜੈਕਟ ਦਾ ਕੰਮ ਮੁਕੰਮਲ ਕੀਤਾ ਜਾਵੇਗਾ, ਜਿਸ ਦਾ ਉਦਘਾਟਨ 23 ਮਾਰਚ ਨੂੰ ਹੋਣ ਦੀ ਸੰਭਾਵਨਾ ਹੈ। ਦੱਸਿਆ ਜਾ ਰਿਹਾ ਕਿ ਇਸ ਵੱਡੇ ਪ੍ਰਾਜੈਕਟ ਵਿਚ ਮੁੱਖ ਮਾਰਗ 'ਤੇ ਸ਼ਹੀਦ ਭਗਤ ਸਿੰਘ ਦੇ ਸਮਾਰਕ ਨੂੰ ਜਾਣ ਲਈ ਵੱਡਾ ਗੇਟ ਬਣਾਇਆ ਜਾ ਰਿਹਾ ਹੈ। ਉਸ ਤੋਂ ਬਾਅਦ ਸ਼ਹੀਦ ਭਗਤ ਸਿੰਘ ਅਜਾਇਬ ਘਰ ਤੋਂ ਅੱਗੇ ਪਹਿਲੇ ਪੜਾਅ ਦਾ ਕੰਮ 51.7 ਕਰੋੜ ਦੀ ਲਾਗਤ ਨਾਲ ਕੀਤਾ ਜਾਵੇਗਾ, ਜਿਸ 'ਚ ਸ਼ਹੀਦ ਭਗਤ ਸਿੰਘ ਦੀ ਜੀਵਨੀ ਨਾਲ ਸੰਬੰਧਿਤ ਬੁੱਤ ਬਣਾਏ ਜਾਣਗੇ ਤੇ ਉਸ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਦਾ ਪਾਕਿਸਤਾਨ ਵਿਚਲਾ ਪੁਰਾਣਾ ਘਰ ਵੀ ਬਣਾਇਆ ਜਾਵੇਗਾ। ਇਸ ਵਿਰਾਸਤੀ ਕੰਪਲੈਕਸ ਵਿਚ ਛੱਪੜ, ਟੋਭੇ ਤੇ ਪੁਰਾਣੀਆਂ ਸੱਥਾਂ ਵੀ ਸ਼ਾਮਿਲ ਕੀਤੀਆਂ ਜਾ ਰਹੀਆਂ ਹਨ। ਪੁਰਾਣੇ ਰੂਪ ਵਿਚ ਪੁਰਾਣੇ ਘਰਾਂ ਦੇ ਦਰਵਾਜ਼ੇ ਤੇ ਪੁਰਾਣਾ ਸਾਮਾਨ ਚਰਖੇ, ਪੀੜੀਆਂ, ਮੂੜ੍ਹੇ, ਹਲ, ਜਿੰਦਰੇ, ਬਲਦਾਂ ਦੀਆਂ ਪੰਜਾਲੀਆਂ ਆਦਿ ਵੀ ਦਰਸਾਈਆਂ ਜਾਣਗੀਆਂ, ਤਾਂ ਕਿ ਆਉਣ ਵਾਲੀ ਪੀੜੀ ਨੂੰ ਆਪਣੇ ਵਿਰਸੇ ਦਾ ਵੀ ਪਤਾ ਲੱਗ ਸਕੇ। ਸ਼ਹੀਦ ਭਗਤ ਸਿੰਘ ਦੇ ਜੀਵਨ ਨਾਲ ਸੰਬੰਧਿਤ ਵੱਖ-ਵੱਖ ਪੜਾਵਾਂ 'ਚ ਯਾਦਗਾਰਾਂ ਕਾਇਮ ਕੀਤੀਆਂ ਜਾਣਗੀਆਂ ਤਾਂ ਕਿ ਨੌਜਵਾਨ ਪੀੜੀ ਨੂੰ ਸ਼ਹੀਦ ਭਗਤ ਸਿੰਘ ਦੇ ਪਰਿਵਾਰ ਤੇ ਉਨ੍ਹਾਂ ਦੀ ਜੀਵਨੀ ਬਾਰੇ ਪਤਾ ਲੱਗ ਸਕੇ। ਇਹ ਵਿਰਾਸਤੀ ਕੰਪਲੈਕਸ ਸ਼ਹੀਦ ਭਗਤ ਸਿੰਘ ਦੇ ਬੁੱਤ ਤੋਂ ਮੇਨ ਰੋਡ ਤੋਂ ਸ਼ੁਰੂ ਹੋ ਕੇ ਸ਼ਹੀਦ ਭਗਤ ਸਿੰਘ ਦੇ ਘਰ ਤੱਕ ਇਹ ਸਮਾਰਕ ਮੁਕੰਮਲ ਹੋਵੇਗਾ, ਜਿਸ ਦਾ ਦਾਖਲਾ ਮੁੱਖ ਮਾਰਗ ਤੋਂ ਹੋਵੇਗਾ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਸ਼ਹੀਦ ਭਗਤ ਸਿੰਘ ਦੇ ਪੁਰਾਣੇ ਘਰ ਦੀ ਦਿੱਖ ਨੂੰ ਪਹਿਲਾਂ ਦੀ ਤਰ੍ਹਾਂ ਬਰਕਰਾਰ ਰੱਖਿਆ ਜਾਵੇਗਾ। ਉਸ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਦੇ ਸਮੇਂ ਦੇ ਹਾਲਾਤਾਂ ਨੂੰ ਦਰਸਾਉਂਦੀਆਂ ਚਿੱਤਰਕਾਰੀਆਂ ਵੀ ਕੀਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਦੇ ਸਮਾਰਕ ਦਾ ਕੰਮ ਇਸ ਸਮੇਂ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਹੈ, ਇਹ ਕੰਮ 16 ਮਾਰਚ ਤੱਕ ਮੁਕੰਮਲ ਕਰਨ ਦਾ ਟੀਚਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮਾਰਗ 'ਤੇ ਵੱਡੇ ਗੇਟ ਦੀ ਸ਼ੁਰੂਆਤ ਕੀਤੀ ਗਈ ਹੈ। ਉਸ ਤੋਂ ਇਲਾਵਾ ਪਹਿਲੇ ਪੜਾਅ ਵਾਲੇ ਕੰਮ ਲਈ ਇਮਾਰਤ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਕੇਂਦਰ ਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਟੂਰਿਜ਼ਮ ਤੇ ਕਲਚਰਲ ਅਫੇਅਰ ਪੰਜਾਬ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਹੈਰੀਟੇਜ ਕੰਪਲੈਕਸ ਬਣਾਇਆ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਅੰਕਰਜੀਤ ਸਿੰਘ ਵਲੋਂ ਇਸ ਹੈਰੀਟੇਜ ਦੀ ਦੇਖਰੇਖ ਕੀਤੀ ਜਾ ਰਹੀ ਹੈ ਤੇ ਪ੍ਰਬੰਧਾਂ ਦੀ ਜਾਇਜ਼ਾ ਲਿਆ ਜਾ ਰਿਹਾ ਹੈ।

ਖਟਕੜਕਲਾਂ ਵਿਖੇ ਬਣਾਏ ਜਾ ਰਹੇ ਸ਼ਹੀਦ ਭਗਤ ਸਿੰਘ ਹੈਰੀਟੇਜ ਕੰਪਲੈਕਸ ਦਾ ਪੂਰੇ ਜ਼ੋਰਾਂ 'ਤੇ ਚੱਲ ਰਿਹਾ ਕੰਮ ਲੱਗੇ ਹੋਏ ਕਮਰਚਾਰੀ ਤੇ ਜੇ. ਸੀ. ਬੀ. ਮਸ਼ੀਨਾਂ।

ਵਿਧਾਇਕ ਡਾ. ਸੁੱਖੀ ਦਾ ਸਨਮਾਨ ਕਰਦੇ ਹੋਏ ਸਟੇਟ ਐਵਾਰਡੀ ਵਿਜੇ ਕੁਮਾਰ, ਹਲਕਾ ਇੰਚਾਰਜ ਪਵਨਜੀਤ ਸਿੰਘ ਸਿੱਧੂ ਤੇ ਸਕੂਲ ਸਟਾਫ਼। ਤਸਵੀਰ : ਨਛੱਤਰ ਸਿੰਘ ਬਹਿਰਾਮ

ਪੜ੍ਹਿਆ-ਲਿਖਿਆ ਸਮਾਜ ਹੀ ਪਾ ਸਕਦਾ ਹੈ ਦੇਸ਼ ਦੀ ਤਰੱਕੀ ਵਿਚ ਯੋਗਦਾਨ-ਡਾ. ਸੁੱਖੀ

ਬਹਿਰਾਮ, 19 ਅਕਤੂਬਰ (ਨਛੱਤਰ ਸਿੰਘ ਬਹਿਰਾਮ)-ਪੜ੍ਹਾਈ ਕਰਨ ਨਾਲ ਹਰੇਕ ਇਨਸਾਨ 'ਚ ਜਾਗ੍ਰਿਤੀ ਪੈਦਾ ਹੁੰਦੀ ਹੈ, ਰੋਟੀ ਜਾਂ ਵਧੀਆ ਕੱਪੜਾ ਨਾ ਵੀ ਮਿਲੇ ਪਰ ਆਪਣੇ ਬੱਚਿਆਂ ਨੂੰ ਪੜ੍ਹਾਈ ਤੋਂ ਵਾਂਝੇ ਨਾ ਰਹਿਣ ਦਿਓ। ਖ਼ੁਸ਼ੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਬੱਚਿਆਂ ਦੀ ਪੜ੍ਹਾਈ ਲਈ ਬਹੁਤ ਚਿੰਤਤ ਹੈ। ਇਹ ਸ਼ਬਦ ਹਲਕਾ ਵਿਧਾਇਕ ਡਾ. ਸੁਖਵਿੰਦਰ ਸੁੱਖੀ ਨੇ ਸਰਕਾਰੀ ਸੁਪਰ ਸਮਾਰਟ ਪ੍ਰਾਇਮਰੀ ਸਕੂਲ ਦੇ ਅਧਿਆਪਕ ਮਾਸਟਰ ਵਿਜੇ ਕੁਮਾਰ ਨੂੰ ਸਟੇਟ ਐਵਾਰਡ-2025 ਮਿਲਣ 'ਤੇ ਸਕੂਲ ਵਿਚ ਕਰਵਾਏ ਸਨਮਾਨ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨ ਮੌਕੇ ਆਖੇ। ਉਨ੍ਹਾਂ ਕਿਹਾ ਕਿ ਪੜ੍ਹਿਆ ਲਿਖਿਆ ਸਮਾਜ ਹੀ ਦੇਸ਼ ਦੀ ਤਰੱਕੀ ਵਿਚ ਯੋਗਦਾਨ ਪਾ ਸਕਦਾ ਹੈ, ਇਸ ਲਈ ਪੜ੍ਹਾਈ ਬਹੁਤ ਜ਼ਰੂਰੀ ਹੈ। ਉਪਰੰਤ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ ਕਿ ਜਿਨ੍ਹਾਂ ਮਿਹਨਤੀ ਤੇ ਐਵਾਰਡ ਦੇ ਸਹੀ ਹੱਕਦਾਰ ਉਕਤ ਸਕੂਲ ਦੇ ਅਧਿਆਪਕ ਵਿਜੇ ਕੁਮਾਰ ਨੂੰ ਰਾਜ ਅਧਿਆਪਕ ਪੁਰਸਕਾਰ-2025 ਨਾਲ ਸਨਮਾਨਿਤ ਕੀਤਾ। ਸਮੂਹ ਸਟਾਫ਼, ਪੰਚਾਇਤ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵਲੋਂ ਵੀ ਮਾਸਟਰ ਵਿਜੇ ਕੁਮਾਰ ਨੂੰ ਸਨਮਾਨਿਤ ਕੀਤਾ। ਇਸ ਮੌਕੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਪਵਨਜੀਤ ਸਿੰਘ ਸਿੱਧੂ ਹਲਕਾ ਇੰਚਾਰਜ, ਮਾਸਟਰ ਵਿਜੇ ਕੁਮਾਰ ਸਟੇਟ ਐਵਾਰਡੀ, ਸਰਪੰਚ ਮੋਹਣ ਲਾਲ, ਰਿਟਾ. ਇੰਜੀ. ਚਰਨਜੀਤ ਸਿੰਘ ਕੈਨੇਡਾ, ਸੁਖਵਿੰਦਰ ਸਿੰਘ ਰੰਧਾਵਾ ਪ੍ਰਧਾਨ ਵੈੱਲਫੇਅਰ ਕਮੇਟੀ ਬਹਿਰਾਮ, ਮਹਿੰਦਰ ਪਾਲ ਐਜੂਕੇਸ਼ਨ ਕੋਆਰਡੀਨੇਟਰ, ਕੁਲਦੀਪ ਕੁਮਾਰ ਪੰਚ, ਬਲਵੀਰ ਰਾਮ ਪੰਚ, ਮੈਡਮ ਮੀਨਾ ਰਾਣੀ, ਵਿਜੇ ਰਾਣੀ ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ, ਜਸਵਿੰਦਰ ਸਿੰਘ ਨੰਬਰਦਾਰ, ਬਲਵੀਰ ਰਾਮ ਪੰਚ, ਮੈਡਮ ਵੰਦਨਾ, ਸੁਖਵਿੰਦਰ ਕੌਰ, ਜਗਦੀਸ਼ ਕੌਰ, ਕਮਲਾ ਦੇਵੀ, ਵਿਜੇ ਰਾਣੀ, ਹਰਜਿੰਦਰ ਸਿੰਘ, ਮਾਸਟਰ ਅਜੇ ਕੁਮਾਰ, ਸਾਹਬ ਸਾਬਰੀ, ਸੰਦੀਪ ਥਾਪਰ, ਦਵਿੰਦਰ ਬੰਗਾ, ਜਸਪਾਲ ਸਿੰਘ ਗਿੱਲ ਕੈਨੇਡਾ, ਓਂਕਾਰ ਸਿੰਘ, ਨਿਸ਼ਾ ਰਾਣੀ, ਜਗਦੀਸ਼ ਕੌਰ ਆਦਿ ਹਾਜ਼ਰ ਸਨ।

ਹੈਰੋਇਨ ਸਪਲਾਈ ਕਰਦੇ ਮੁਕੰਦਪੁਰ ਪੁਲਿਸ ਵਲੋਂ ਦੋ ਕਾਬੂ

ਮੁਕੰਦਪੁਰ, 19 ਅਕਤੂਬਰ (ਅਮਰੀਕ ਸਿੰਘ ਢੀਂਡਸਾ)-ਪੁਲਿਸ ਥਾਣਾ ਮੁਕੰਦਪੁਰ ਵਲੋਂ ਪ੍ਰਸ਼ਾਸਨਿਕ ਹਦਾਇਤਾਂ 'ਤੇ ਅਮਲ ਕਰਦਿਆਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਜਾਰੀ ਰੱਖਦਿਆਂ ਵੱਖ-ਵੱਖ ਥਾਵਾਂ ਤੋਂ ਦੋ ਕਥਿਤ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਦਾ ਸਮਾਚਾਰ ਹੈ। ਥਾਣਾ ਮੁਖੀ ਮਹਿੰਦਰ ਸਿੰਘ ਨੇ ਦੱਸਿਆ ਕਿ ਏ. ਐਸ. ਆਈ. ਕੇਵਲ ਕ੍ਰਿਸ਼ਨ ਤੇ ਏ. ਐਸ. ਆਈ. ਸੰਦੀਪ ਸਿੰਘ ਵਲੋਂ ਦੌਰਾਨੇ ਗਸ਼ਤ ਕੁਲਵਿੰਦਰ ਉਰਫ਼ ਬਿੱਲਾ ਪੁੱਤਰ ਤਰਲੋਕ ਚੰਦ ਵਾਸੀ ਪਿੰਡ ਖ਼ਾਨਪੁਰ ਥਾਣਾ ਮੁਕੰਦਪੁਰ ਨੂੰ 4.70 ਗ੍ਰਾਮ ਤੇ ਸੁਖਵਿੰਦਰ ਉਰਫ਼ ਬੰਟੀ ਪੁੱਤਰ ਲੈਬਰ ਰਾਮ ਵਾਸੀ ਖ਼ਾਨਪੁਰ ਥਾਣਾ ਮੁਕੰਦਪੁਰ ਪਾਸੋਂ 4.58 ਗ੍ਰਾਮ ਹੈਰੋਨ ਬਰਾਮਦ ਹੋਣ 'ਤੇ ਮੁਕੱਦਮਾ ਦਰਜ ਕਰਕੇ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ ਤੇ ਇਨ੍ਹਾਂ ਦੇ ਰਿਮਾਂਡ ਦੀ ਮੰਗ ਕੀਤੀ ਜਾਵੇਗੀ ਤਾਂ ਜੋ ਇਹ ਨਸ਼ਾ ਕਿੱਥੋਂ ਲਿਆਉਂਦੇ ਹਨ ਤੇ ਕਿਥੇ-ਕਿਥੇ ਸਪਲਾਈ ਕਰਦੇ ਹਨ ਬਾਰੇ ਤਫ਼ਤੀਸ਼ ਕੀਤੀ ਜਾ ਸਕੇ।

ਥਾਣਾ ਮੁਖੀ ਮੁਕੰਦਪੁਰ ਮਹਿੰਦਰ ਸਿੰਘ ਹੈਰੋਇਨ ਸਮੇਤ ਫੜੇ ਕਥਿਤ ਦੋਸ਼ੀਆਂ ਨੂੰ ਅਦਾਲਤ ਪੇਸ਼ 'ਚ ਕਰਨ ਤੋਂ ਪਹਿਲਾਂ। ਤਸਵੀਰ : ਅਮਰੀਕ ਸਿੰਘ ਢੀਂਡਸਾ

ਭਟੋਆ ਗੋਤ ਜਠੇਰੇ ਮੇਲਾ ਮੁਲਤਵੀ

ਜਾਡਲਾ, 19 ਅਕਤੂਬਰ (ਸੁਰਿੰਦਰ ਕੁਮਾਰ ਦੁੱਗਲ)-ਭਟੋਆ ਗੋਤ ਜਠੇਰਿਆਂ ਦਾ ਲਾਗਲੇ ਪਿੰਡ ਉਟਾਲ ਵਿਖੇ 26 ਅਕਤੂਬਰ ਨੂੰ ਹੋਣ ਵਾਲਾ ਮੇਲਾ ਫਿਲਹਾਲ ਮੁਲਤਵੀ ਹੋ ਗਿਆ ਹੈ। ਭਟੋਆ ਜਠੇਰੇ ਕਮੇਟੀ ਦੇ ਮੈਂਬਰਾਂ ਅਨੁਸਾਰ ਭਟੋਆ ਗੋਤ ਨਾਲ ਸੰਬੰਧਤ ਪਿੰਡ ਠਠਿਆਲਾ ਢਾਹਾ ਦੇ ਨੌਜਵਾਨ ਬਿਜਲੀ ਮਕੈਨਿਕ ਬਲਜਿੰਦਰ ਸਿੰਘ ਦੀ ਧਰਮਪਤਨੀ ਬਲਵਿੰਦਰ ਕੌਰ ਉਰਫ ਬੇਵੀ ਦੇ ਅਚਾਨਕ ਸਦੀਵੀ ਵਿਛੋੜਾ ਦੇ ਜਾਣ ਕਾਰਨ ਸੋਗ ਵਜੋਂ ਮੇਲਾ ਮੁਲਤਵੀ ਕੀਤਾ ਗਿਆ ਹੈ। ਹੁਣ ਇਹ ਮੇਲਾ ਬਲਵਿੰਦਰ ਕੌਰ ਦੀ ਅੰਤਿਮ ਅਰਦਾਸ ਤੋਂ ਬਾਅਦ ਹੋਵੇਗਾ। ਕਮੇਟੀ ਮੈਂਬਰਾਂ ਨੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਕਰਦਿਆਂ ਦੁਖੀ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

ਪੰਜਾਬ ਸਰਕਾਰ ਰਾਜ ਦੇ 3100 ਪਿੰਡਾਂ 'ਚ ਪਹਿਲੇ ਗੇੜ ਦੌਰਾਨ ਖੇਡ ਦੇ ਮੈਦਾਨਾਂ ਨੂੰ ਆਧੁਨਿਕ ਤਕਨੀਕਾਂ ਨਾਲ ਤਿਆਰ ਕਰ ਰਹੀ-ਜਲਾਲਪੁਰ

69ਵੀਂਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਹਿਤ ਬੈਡਮਿੰਟਨ ਉਮਰ ਗੁੱਟ 14 ਸਾਲ ਲੜਕਿਆਂ ਦੇ ਟੂਰਨਾਮੈਂਟ ਦੇ ਆਖਰੀ ਦਿਨ ਉਦਘਾਟਨ ਕਰਦੇ ਹੋਏ ਸਤਨਾਮ ਸਿੰਘ ਜਲਾਲਪੁਰ ਚੇਅਰਮੈਨ ਤੇ ਹੋਰ। ਤਸਵੀਰ : ਨਵਾਂਗਰਾਈਂ

ਨਵਾਂਸ਼ਹਿਰ/ਪੋਜੇਵਾਲ ਸਰਾਂ, 19 ਅਕਤੂਬਰ (ਜਸਬੀਰ ਸਿੰਘ ਨੂਰਪੁਰ, ਨਵਾਂਗਰਾਈਂ)-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ 69ਵੀਂਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਤਹਿਤ ਬੈਡਮਿੰਟਨ ਲੜਕੇ 14 ਸਾਲ ਦਾ ਟੂਰਨਾਮੈਂਟ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ.) ਅਨੀਤਾ ਸ਼ਰਮਾ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿ.) ਲਖਵੀਰ ਸਿੰਘ ਤੇ ਦਵਿੰਦਰ ਕੌਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਦੀ ਅਗਵਾਈ 'ਚ ਇਨਡੋਰ ਨਵਾਂਸ਼ਹਿਰ ਵਿਖੇ ਚੱਲ ਰਿਹਾ ਹੈ। ਇਸ ਰਾਜ ਪੱਧਰੀ ਟੂਰਨਾਮੈਂਟ ਦੇ ਆਖਰੀ ਦਿਨ ਉਦਘਾਟਨ ਸਤਨਾਮ ਸਿੰਘ ਜਲਾਲਪੁਰ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵਲੋਂ ਕੀਤਾ। ਇਸ ਮੌਕੇ ਆਪਣੇ ਸੰਬੋਧਨ 'ਚ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ ਤੇ ਪੰਜਾਬ ਸਰਕਾਰ ਰਾਜ ਦੇ 3100 ਪਿੰਡਾਂ ਦੇ ਖੇਡ ਮੈਦਾਨਾਂ ਨੂੰ ਅਤੀ ਆਧੁਨਿਕ ਤਕਨੀਕਾਂ ਨਾਲ ਤਿਆਰ ਕੀਤਾ ਜਾ ਰਿਹਾ ਹੈ, ਜਿਸ ਨਾਲ ਸਾਡੇ ਨੌਜਵਾਨ ਨਸ਼ਿਆਂ ਤੋਂ ਹਟ ਕੇ ਖੇਡ ਦੇ ਮੈਦਾਨਾਂ 'ਚ ਆਉਣਗੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫਸਰ(ਸੈ. ਸਿ.) ਲਖਵੀਰ ਸਿੰਘ ਤੇ ਦਵਿੰਦਰ ਕੌਰ ਜ਼ਿਲ੍ਹਾ ਖੇਡ ਕੋਆਰਡੀਨੇਟਰ ਵਲੋਂ ਬਾਹਰੋਂ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ ਤੇ ਖੇਡਾਂ ਅਨੁਸ਼ਾਸਨ ਵਿਚ ਰਹਿ ਕੇ ਖੇਡਣ ਦੀ ਅਪੀਲ ਕੀਤੀ। ਇਸ ਮੌਕੇ ਦਵਿੰਦਰ ਕੌਰ ਜ਼ਿਲ੍ਹਾ ਖੇਡ ਕੋਆਰਡੀਨੇਟਰ, ਪਰਵਿੰਦਰ ਸਿੰਘ ਭੰਗਲ ਸਟੇਟ ਐਵਾਰਡੀ ਜਨਰਲ ਸਕੱਤਰ ਡੀ. ਟੀ. ਸੀ, ਹੈੱਡ ਮਾਸਟਰ ਦਲਜੀਤ ਸਿੰਘ ਬੋਲਾ, ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ, ਹੈੱਡ ਮਾਸਟਰ ਅਮਨਪ੍ਰੀਤ ਸਿੰਘ ਜੌਹਰ, ਹੈੱਡ ਮਾਸਟਰ ਦਿਨੇਸ਼ ਗੌਤਮ, ਹੈੱਡ ਮਾਸਟਰ ਨਵੀਨ ਗੁਲਾਟੀ, ਹੈੱਡ ਮਾਸਟਰ ਬਲਜੀਤ ਕੁਮਾਰ, ਹੈੱਡ ਮਾਸਟਰ ਸੁਰੇਸ਼ ਕੁਮਾਰ ਸ਼ਾਸਤਰੀ, ਰਾਕੇਸ਼ ਗੰਗੜ, ਨਵਦੀਪ ਸਿੰਘ, ਅਮਨਦੀਪ ਬੇਗਮਪੁਰੀ, ਰਮੇਸ਼ ਕੁਮਾਰ ਮੈਸ ਇੰਚਾਰਜ, ਲੈਕਚਰਾਰ ਸਰਬਜੀਤ ਕੌਰ, ਕਿਰਨ ਕੁਮਾਰੀ, ਸੁਨੀਤਾ ਰਾਣੀ, ਨਰਿੰਦਰ ਕੌਰ, ਡਾ. ਸੰਦੀਪ ਕੁਮਾਰੀ, ਨੀਲਮ ਰਾਣੀ, ਪੂਨਮ ਰਾਣੀ, ਕਰਮਜੀਤ ਕੌਰ, ਜਸਵੀਰ ਕੌਰ, ਰੇਸ਼ਮ ਕੌਰ, ਦਲਬੀਰ ਕੌਰ, ਜਗਸ਼ੀਰ ਸਿੰਘ, ਅਸ਼ੋਕ ਕੁਮਾਰ, ਕਮਲ ਦੇਵ, ਕੁਲਵੀਰ ਸਿੰਘ, ਪ੍ਰਦੀਪ ਕੁਮਾਰ ਤੇਜੀ, ਜੋਗੇਸ਼ ਕੁਮਾਰ, ਦੇਸ ਰਾਜ, ਸੰਜੀਵ ਕੁਮਾਰ, ਅਵਤਾਰ ਸਿੰਘ, ਜਸਵਿੰਦਰ ਸਿੰਘ, ਅਮਰਜੀਤ ਸਿੰਘ, ਕੁਲਵਿੰਦਰ ਕੌਰ, ਮਨਜੀਤ ਕੌਰ, ਮਨਦੀਪ ਕੌਰ, ਕੁਲਵਿੰਦਰ ਕੁਮਾਰ, ਅਮਨਦੀਪ ਕੌਰ ਖਟਕੜ ਕਲਾਂ, ਜਗਸ਼ੀਰ ਸਿੰਘ, ਨਰੇਸ਼ ਕੁਮਾਰ, ਸੰਦੀਪ ਬਾਲੀ, ਜਸਕਰਨ ਸਿੰਘ, ਡਾ. ਸੰਦੀਪ ਕੌਰ, ਕਰਮਜੀਤ ਕੌਰ, ਬਲਦੇਵ ਸਿੱਧੂ ਮੈਨੇਜਰ ਆਦਿ ਸਮੇਤ ਡੀ. ਪੀ. ਈ., ਪੀ. ਟੀ. ਆਈ. ਆਦਿ ਹਾਜ਼ਰ ਸਨ।

ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣੀ ਸਮੇਂ ਦੀ ਮੰਗ-ਰਮਨ ਨੰਦ ਲਾਲ

ਬਲਾਚੌਰ, 19 ਅਕਤੂਬਰ (ਦੀਦਾਰ ਸਿੰਘ ਬਲਾਚੌਰੀਆ)-ਨੌਜਵਾਨ ਆਗੂ ਰਮਨ ਨੰਦ ਲਾਲ ਚੌਧਰੀ ਨੇ ਜਿਥੇ ਦੀਵਾਲੀ, ਬਾਬਾ ਬਲਰਾਜ ਤੇ ਬਾਬਾ ਵਿਸ਼ਵਕਰਮਾ ਛਿੰਝ ਮੇਲੇ ਦੀਆਂ ਵਧਾਈਆਂ ਦਿੱਤੀਆਂ, ਉਥੇ ਨਾਲ ਹੀ ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਈਏ ਅਤੇ ਆਪਣੀ ਤੇ ਲੋਕਾਂ ਦੀ ਸਿਹਤ ਦ